File No.DIPR-DPR1/78/2020-O/o DPRO-GURDASPUR

I/27526/2020

1-ਜਿਲਾ ਲੋਕ ਸੰਪਰਕ ਦਫਤਰ,ਗੁਰਦਾਸਪੁਰ।

ਜ਼ਿਲਾ ਮੈਜਿਸਟਰੇਟ ਵਲੋਂ ਪਿੰਡ ਜਾਗੋਵਾਲ ਬਾਂਗਰ ਸੀਲ-ਸਿਹਤ ਵਿਭਾਗ ਵਲੋਂ ਕੋਰੋਨਾ ਪ੍ਰਭਾਵਿਤ ਮਰੀਜ਼ ਦੇ ਸੰਪਰਕ ਵਿਚ ਆਏ ਵਿਅਕਤੀਆਂ ਦੀ ਟਰੇਸਿੰਗ

ਗੁਰਦਾਸਪੁਰ, 24 ਮਈ ( ) ਜ਼ਿਲਾ ਮੈਜਿਸਟਰੇਟ ਜਨਾਬ ਮੁਹੰਮਦ ਇਸ਼ਫਾਕ ਵਲੋਂ ਧਾਰਾ 144 ਤਹਿਤ ਸਬ ਡਵੀਜ਼ਨ ਗੁਰਦਾਸਪੁਰ ਵਿਚ ਪਿੰਡ ਜਾਗੋਵਾਲ ਬਾਂਗਰ ਨੂੰ ਇਹਤਿਆਤ ਵਜੋਂ ਕੋਰੋਨਾ ਵਾਇਰਸ ਤੋਂ ਬਚਾਅ ਤੇ ਇਸ ਦੇ ਪ੍ਰਭਾਵ ਨੂੰ ਰੋਕਣ ਦੇ ਮੰਤਵ ਨਾਲ, ਕੋਰੋਨਾ ਪ੍ਰਭਾਵਿਤ ਮਰੀਜ ਦੇ ਸੰਪਰਕ ਵਿਚ ਆਏ ਵਿਅਕਤੀਆਂ ਦੇ ਟਰੇਸਿੰਗ ਆਦਿ ਕਰਨ ਲੈਣ ਲਈ ਪਿੰਡ ਅਤੇ ਨੇੜਲੇ ਖੇਤਰ ਨੂੰ ਸੀਲ ਕਰਨ ਦੇ ਬੀਤੀ ਰਾਤ ਹੁਕਮ ਦਿੱਤੇ ਗਏ ਹਨ। ਹੁਕਮਾਂ ਵਿਚ ਕਿਹਾ ਗਿਆ ਕਿ ਲੋਕਾਂ ਦੀ ਜ਼ਿੰਦਗੀ, ਸੇਫਟੀ ਤੇ ਪਬਲਿਕ ਪ੍ਰਾਪਰਟੀ ਦੇ ਹਿੱਤ ਲਈ ਇਹ ਹੁਕਮ ਕਰਨੇ ਅਤਿ ਜਰੂਰੀ ਸਨ।

ਹੁਕਮਾਂ ਵਿਚ ਅੱਗੇ ਕਿਹਾ ਕਿ ਡਾ. ਕਿਸ਼ਨ ਚੰਦ ਸਿਵਲ ਸਰਜਨ ਵਲੋਂ ਸਿਫਾਰਿਸ਼ ਕੀਤੀ ਗਈ ਸੀ ਕਿ ਕੋਵਿੰਡ-19 ਨੂੰ ਜ਼ਿਲੇ ਵਿਚ ਅੱਗੇ ਫੈਲਣ ਤੋਂ ਰੋਕਣ ਦੇ ਮੰਤਵ ਲਈ, ਕੰਟੈਕਟ ਪਰਸਨ ਟਰੇਸਿੰਗ ਕਰਨ ਲਈ ਪਿੰਡ ਤੇ ਨੇੜਲੇ ਖੇਤਰ ਨੂੰ 23 ਮਈ 2020 ਤੋਂ 14 ਦਿਨ ਲਈ ਸੀਲ ਕੀਤਾ ਜਾਣਾ ਚਾਹੀਦਾ ਹੈ।

ਹੁਕਮਾਂ ਵਿਚ ਸ. ਸਕੱਤਰ ਸਿੰਘ ਸਬ ਡਵੀਜ਼ਨਲ ਮੈਜਿਸਟਰੇਟ ਗੁਰਦਾਸਪੁਰ, ਪਿੰਡ ਜਾਗੋਵਾਲ ਬਾਂਗਰ ਕੰਟੋਨਮੈਂਟ ਏਰੀਆ, ਕੰਟੈਕਟ ਟਰੇਸਿੰਗ, ਆਈਸੋਲੇਸ਼ਨ ਅਤੇ ਕੋਵਿਡ-19 ਦੇ ਫੈਲਾਅ ਨੂੰ ਰੋਕਣ ਲਈ ਨੋਡਲ ਅਫਸਰ ਹੋਣਗੇ ਅਤੇ ਨੋਡਲ ਅਫਸਰ ਸੈਕਟਰ ਮੈਜਿਸਟਰੇਟ ਨੂੰ ਪਿੰਡਾਂ ਵਿਚ ਹੁਕਮਾਂ ਨੂੰ ਲਾਗੂ ਕਰਨ ਲਈ ਤਾਇਨਾਤ ਕਰ ਸਕਦੇ ਹਨ।

ਐਸ.ਐਸ. ਪੀ ਗੁਰਦਾਸਪੁਰ ਵਲੋਂ ਕੰਟੋਨਮੈਂਟ ਜੋਨ ਵਿਚ ਆਉਣ ਵਾਲੇ ਪਿੰਡ/ਖੇਤਰ ਨੂੰ ਸੀਲ ਕੀਤਾ ਜਾਵੇਗਾ ਅਤੇ ਪਿੰਡ ਵਿਚ ਕੇਵਲ ਇਕ ਸਿੰਗਲ ਆਉਣ ਤੇ ਜਾਣ ਦੇ ਪੁਆਇੰਟ ਨੂੰ ਮੈਨਟੇਨ ਕਰੇਗੀ। ਜਰੂਰੀ ਵਸਤਾਂ ਦੀ ਸਪਲਾਈ ਖਾਣਾ, ਦੁੱਧ, ਸਬਜ਼ੀਆਂ, ਦਵਾਈਆਂ, ਫੂਡਰ ਆਦਿ ਪੁਲਿਸ ਦੀ ਇਜ਼ਾਜਤ ਨਾਲ ਮੁਹੱਈਆ ਕੀਤਾ ਜਾ ਸਕਦਾ ਹੈ।

ਡਾ. ਕਿਸ਼ਨ ਚੰਦ ਚੀਫ ਮੈਡੀਕਲ ਅਫਸਰ ਗੁਰਦਾਸਪੁਰ ਇਸ ਖੇਤਰ ਵਿਚ ਮਰੀਜ ਦੇ ਕੰਟੈਕਟ ਟਰੇਸਿੰਗ ਅਤੇ ਹੋਮ ਏਕਾਂਤਵਾਸ (home quarantine ) ਕਰਨ ਲਈ ਨੋਡਲ ਅਫਸਰ ਨਿਯੁਕਤ ਕੀਤੇ ਗਏ ਹਨ। ਉਨਾਂ ਵਲੋਂ 21 ਦਿਨ ਲਈ ਏਕਾਂਤਵਾਸ ਕੀਤੇ ਜਾਣ ਵਾਲੇ ਵਿਅਕਤੀਆਂ ਦੇ ਸੱਜੇ ਹੱਥ ਦੇ ਪੁੱਠੇ ਪਾਸੇ (ਤਲੀ ਦੇ ਪਿੱਛਲੇ ਪਾਸੇ) ਸਟੈਂਪ ਲਗਾਈ ਜਾਵੇਗੀ। ਹੋਮ ਏਕਾਂਤਵਾਸ ਕੀਤੇ ਗਏ ਵਿਅਕਤੀਆਂ ਦੀ ਸੂਚੀ ਜ਼ਿਲਾ ਸੂਚਨਾ ਅਫਸਰ (ਐਨ.ਆਈ.ਸੀ) ਗੁਰਦਾਸਪੁਰ ਨੂੰ ਦੇਣਗੇ। ਜਿਲਾ ਸੂਚਨਾ ਅਫਸਰ ਜਿਲੇ ਦੀ ਵੈਬਸਾਈਟ www.gurdaspur.nic.in) ਉੱਪਰ ਸੂਚੀ ਅਪਲੋਡ ਕਰਨਗੇ।

ਹੁਕਮਾਂ ਵਿਚ ਅੱਗੇ ਕਿਹਾ ਗਿਆ ਹੈ ਕਿ ਕੁਝ ਲੋਕ ਹੋਮ ਏਕਾਂਤਵਾਸ ਵਿਚ ਨਹੀਂ ਰਹਿੰਦੇ ਹਨ, ਜੋ ਕਿ ਪਬਲਿਕ ਦੀ ਸੇਫਟੀ ਲਈ ਖਤਰਾ ਹੈ। ਹੁਕਮਾਂ ਦੀ ਅਣਗਹਿਲੀ ਕਰਨ ਵਾਲਿਆਂ ਵਿਰੁੱਧ ਇੰਡੀਅਨ ਪੈਨਲ ਕੋਡ ਦੇ ਸੈਕਸ਼ਨ 188 ਤਹਿਤ ਕਾਰਵਾਈ ਕੀਤੀ ਜਾਵੇਗੀ।

ਜ਼ਿਲਾ ਮੈਜਿਸਟਰੇਟ ਨੇ ਕਿਹਾ ਕਿ ਜ਼ਿਲਾ ਵਾਸੀ ਘਬਰਾਉਣ ਨਾ ਸਗੋਂ ਇਹ ਕਦਮ ਇਹਤਿਆਤ ਵਜੋਂ ਉਠਾਇਆਗਿਆ ਹੈ। ਉਨਾਂ ਕਿਹਾ ਕਿ ਜਿਨਾਂ ਵਿਅਕਤੀਆਂ ਨੂੰ ਹੋਮ ਏਕਾਂਤਵਾਸ ਲਈ ਰੱਖਿਆ ਜਾਂਦਾ ਹੈ ਉਹ ਕਰੋਨਾ ਵਾਇਰਸ ਦੇ ਟੈਸਟਿਡ ਪੋਜ਼ਟਿਵ ਮਰੀਜ ਨਹੀਂ ਹੁੰਦੇ ਹਨ ਅਤੇ ਨਾ ਹੀ ਕੋਈ ਵੱਡਾ ਰਿਸਕ ਹੁੰਦਾ ਹੈ। ਉਨਾਂ ਕਿਹਾ ਕਿ ਹੋਮ ਏਕਾਂਤਵਾਸ ਇਹਤਿਆਤ ਵਜੋਂ ਕੀਤਾ ਜਾਂਦਾ ਹੈ ਤਾਂ ਜੋ ਕਰੋਨਾ ਵਾਇਰਸ ਦਾ ਅੱਗੇ ਫੈਲਾਅ ਨਾ ਹੋਵੇ।

ਇਹ ਹੁਕਮ ਅਗਲੇ ਹੁਕਮਾਂ ਤਕ ਲਾਗੂ ਰਹੇਗਾ।

------------------

I/27527/2020

2-ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਕਿਸਾਨ, ਗੈਰ ਬਾਸਮਤੀ (ਪਰਮਲ) ਦੀਆਂ ਪੀਆਰ-128 ਅਤੇ ਪੀਆਰ-129 ਕਿਸਮਾਂ ਦੀ ਕਾਸ਼ਤ ਕਰਨ-ਵਿਧਾਇਕ ਪਾਹੜਾ

ਇਸ ਨਾਲ ਫਸਲ ਛੇਤੀ ਪੱਕਦੀ, ਪਾਣੀ ਦੀ ਘੱਟ ਖਪਤ ਅਤੇ ਪਰਾਲੀ ਨੂੰ ਸਾੜੇ ਬਿਨਾਂ ਢੁੱਕਵੇਂ ਪ੍ਰਬੰਧਨ ਦੀਆਂ ਵਿਲੱਖਣ ਵਿਸ਼ੇਸਤਾਵਾਂ ਨੇ

ਗੁਰਦਾਸਪੁਰ, 24 ਮਈ ( ) ਸ. ਬਰਿੰਦਰਮੀਤ ਸਿੰਘ ਪਾਹੜਾ ਹਲਕਾ ਵਿਧਾਇਕ ਗੁਰਦਾਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਕਣਕ ਦੀ ਖਰੀਦ, ਚੁਕਾਈ ਤੇ ਅਦਾਇਗੀ ਨੂੰ ਸਫਲ ਢੰਗ ਨਾਲ ਨੇਪਰੇ ਚਾੜਿ•ਆ ਗਿਆ ਹੈ ਅਤੇ ਕਿਸਾਨਾਂ ਨੂੰ ਮੰਡੀਆਂ ਵਿਚ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਗਈ ਹੈਤੇ ਫਸਲ ਦੀ ਅਦਾਇਘੀ ਨਾਲੋ-ਨਾਲ ਕੀਤੀ ਗਈ ਹੈ। ਉਨਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਵਲੋਂ ਕਣਕ ਦੀ ਕਟਾਈ ਤੋ ਬਾਅਦ ਕਿਸਾਨਾਂ ਨੂੰ ਫਸਲ ਦੀ ਰਹਿੰਦ ਖੂੰਹਦ ਨੂੰ ਸਾੜਨ ਦੀ ਬਜਾਇ ਖੇਤਾਂ ਵਿਚ ਵਾਹੁਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ, ਖੇਤੀਬਾੜੀ ਵਿਭਾਗ ਵਲੋਂ ਪਿੰਡ ਪੱਧਰ ਤਕ ਜਾਗਰਕੂਤਾ ਮੁਹਿੰਮ ਵਿੱਢੀ ਗਈ ਹੈ ਅਤੇ ਕਿਸਾਨਾਂ ਨੂੰ ਗੈਰ ਬਾਸਮਤੀ (ਪਰਮਲ) ਦੀਆਂ ਪੀਆਰ-128 ਅਤੇ ਪੀਆਰ-129 ਕਿਸਮਾਂ ਕਾਸ਼ਤ ਕਰਨ ਦੀ ਸਲਾਹ ਦਿੱਤੀ ਹੈ।

ਵਿਧਾਇਕ ਪਾਹੜਾ ਨੇ ਦੱਸਿਆ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੀਆਂ ਸਿਫਾਰਿਸ਼ਾਂ 'ਤੇ ਖੇਤੀਬਾੜੀ ਵਿਭਾਗ ਪੰਜਾਬ ਨੇ ਕਿਸਾਨਾਂ ਨੂੰ ਗੈਰ ਬਾਸਮਤੀ (ਪਰਮਲ) ਦੀਆਂ ਪੀਆਰ-128 ਅਤੇ ਪੀਆਰ-129 ਕਿਸਾਮਾਂ ਦੀ ਕਾਸ਼ਤ ਕਰਨ ਦੀ ਸਲਾਹ ਦਿੱਤੀ ਹੈ ਜੋ ਫਸਲ ਦੇ ਛੇਤੀ ਪੱਕਣ, ਪਾਣੀ ਦੀ ਘੱਟ ਖਪਤ ਅਤੇ ਪਰਾਲੀ ਨੂੰ ਸਾੜੇ ਬਿਨਾਂ ਢੁੱਕਵੇਂ ਪ੍ਰਬੰਧਨ ਦੀਆਂ ਆਪਣੀਆਂ ਵਿਲੱਖਣ ਵਿਸ਼ੇਸਤਾਵਾਂ ਕਰਕੇ ਕਾਫ਼ੀ ਕਾਰਗਰ ਹਨ।

ਵਿਧਾਇਕ ਪਾਹੜਾ ਨੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਨਾੜ ਨੂੰ ਅੱਗ ਲਗਾ ਕੇ ਵਾਤਾਵਰਣ ਨੂੰ ਪ੍ਰਦੂਸ਼ਿਤ ਕਰਨ ਤੋਂ ਗੁਰੇਜ ਕਰਨ, ਕਿਉਕਿ ਮੋਜੂਦਾ ਸਮੇਂ ਵਾਤਾਵਰਣ ਕਾਫੀ ਸ਼ੁੱਧ ਹੈ। ਉਨਾਂ ਦੱਸਿਆ ਕਿ ਮਾਣਯੋਗ ਨੈਸ਼ਨਲ ਗ੍ਰੀਨ ਟ੍ਰਿਬੂਨਲ, ਨਵੀ ਦਿੱਲੀ ਵੱਲੋ ਜਾਰੀ ਕੀਤੇ ਗਏ ਹੁਕਮਾਂ ਮੁਤਾਬਿਕ ਫਸਲ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਤੇ ਪੂਰਨ ਤੋਰ ਤੇ ਪਾਬੰਦੀ ਲਗਾਈ ਗਈ ਹੈ। ਪ੍ਰੰਤੂ ਫਿਰ ਵੀ ਕਈ ਕਿਸਾਨਾਂ ਵੱਲੋ ਅਜੇ ਵੀ ਨਾੜ ਨੂੰ ਅੱਗ ਲਗਾਈ ਜਾਦੀ ਹੈ, ਜਿਸ ਨਾਲ ਨਾ ਸਿਰਫ ਵਾਤਾਵਰਣ ਅਤੇ ਲੋਕਾਂ ਦੀ ਸਿਹਤ ਤੇ ਮਾੜਾ ਪ੍ਰਭਾਵ ਪੈਦਾ ਹੈ, ਸਗੋ ਜ਼ਮੀਨ ਦੀ ਉਪਜਾਊ ਸਕਤੀ ਤੇ ਵੀ ਮਾੜਾ ਅਸਰ ਪੈਦਾ ਹੈ।

ਉਨਾਂ ਕਿਸਾਨ ਵੀਰਾਂ ਨੂੰ ਨਾੜ ਨੂੰ ਅੱਗ ਨਾ ਲਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਅੱਗ ਲਾਉਣ ਨਾਲ ਜਿਥੇ ਵਾਤਾਵਰਣ ਪ੍ਰਦੂਸ਼ਿਤ ਹੁੰਦਾ ਹੈ. ਉਸ ਦੇ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਬਰਕਰਾਰ ਨਹੀਂ ਰਹਿੰਦੀ ਹੈ। ਅੱਗ ਲਾਗਉਣ ਨਾਲ ਧਰਤੀ ਵਿਚਲੇ ਮਿੱਤਰ ਕੀੜੇ ਮਰ ਜਾਂਦੇ ਹਨ।

----------------- ਕੈਪਸ਼ਨ---

ਸ. ਬਰਿੰਦਰਮੀਤ ਸਿੰਘ ਪਾਹੜਾ ਹਲਕਾ ਵਿਧਾਇਕ ਗੁਰਦਾਸਪੁਰ।

File No.DIPR-DPR1/80/2020-O/o DPRO-GURDASPUR

I/27546/2020

3-ਜਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਕਣਕ ਦੀ ਸਰਕਾਰੀ ਖਰੀਦ 31 ਮਈ ਤਕ ਹੋਵੇਗੀ-ਜ਼ਿਲਾ ਮੰਡੀ ਅਫਸਰ

ਜੇ ਕਿਸੇ ਕਿਸਾਨ ਵੀਰ ਦੀ ਕਣਕ ਵੇਚਣ ਤੋਂ ਰਹਿ ਗਈ ਹੋਵੇ ਤਾਂ ਉਹ 31 ਮਈ ਤਕ ਫਸਲ ਮੰਡੀ ਵਿਚ ਲੈ ਕੇ ਆ ਸਕਦਾ ਹੈ

ਗੁਰਦਾਸਪੁਰ, 24 ਮਈ ( ) ਸ੍ਰੀ ਨਿਰਮਲ ਸਿੰਘ ਜਿਲਾ ਮੰਡੀ ਅਫਸਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਸਰਕਾਰ ਵਲੋਂ ਹਾੜੀ ਸ਼ੀਜ਼ਨ 2020-21 ਦੌਰਾਨ ਪੰਜਾਬ ਰਾਜ ਵਿਚ ਕਣਕ ਦੀ ਸਰਕਾਰੀ ਖਰੀਦ ਦੇ ਸ਼ੀਜ਼ਨ ਦਾ ਸਮਾਂ 15 ਅਪ੍ਰੈਲ 2020 ਤੋਂ 31 ਮਈ 2020 ਤਕ ਨਿਰਧਾਰਿਤ ਕੀਤਾ ਹੈ।

ਜ਼ਿਲ•ਾ ਮੰਡੀ ਅਫਸਰ ਨੇ ਅੱਗੇ ਦੱਸਿਆ ਕਿ ਇਸ ਲਈ ਜਿਲੇ ਦੇ ਸਮੂਹ ਕਿਸਾਨਾਂ ਨੂੰ ਸੁਚਿਤ ਕੀਤਾ ਜਾਂਦਾ ਹੈ ਕਿ ਜੇ ਕਿਸੇ ਕਿਸਾਨ ਵੀਰ ਦੀ ਕਣਕ ਵੇਚਣ ਤੋਂ ਰਹਿ ਗਈ ਹੈ ਹੋਵੇ, ਉਹ ਆਪਣੀ ਕਣਕ 31 ਮਈ 2020 ਤੋਂ ਪਹਿਲਾਂ-ਪਹਿਲਾਂ ਮੰਡੀ ਵਿਚ ਲੈ ਕੇ ਆਵੇ, ਇਸ ਮਿਤੀ ਤੋਂ ਬਾਅਦ ਸਰਕਾਰੀ ਖਰੀਦ ਨਹੀਂ ਕੀਤੀ ਜਾਵੇਗੀ। ਉਨਾਂ ਅੱਗੇ ਕਿਹਾ ਕਿ ਵਧੇਰੇ ਜਾਣਕਾਰੀ ਲਈ ਮਾਰਕਿਟ ਕਮੇਟੀ ਦਫਤਰ ਜਾਂ ਆਪਣੇ ਆੜ•ਤੀਏ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

File No.DIPR-DPR1/81/2020-O/o DPRO-GURDASPUR

I/27547/2020

4-ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਗੁਰਦਾਸਪੁਰ ਜ਼ਿਲੇ ਵਿਚ 2670 ਸ਼ੱਕੀ ਮਰੀਜਾਂ ਵਿਚੋਂ 2231 ਮਰੀਜਾਂ ਦੀ ਰਿਪੋਰਟ ਨੈਗਟਿਵ

ਜਿਲੇ ਅੰਦਰ 10 ਐਕਟਿਵ ਕੋਰੋਨਾ ਪੀੜਤ ਕੇਸ

ਗੁਰਦਾਸਪੁਰ, 24 ਮਈ (       ) ਡਾ. ਕਿਸ਼ਨ ਚੰਦ ਸਿਵਲ ਸਰਜਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 02 ਹੋਰ ਵਿਅਕਤੀਆਂ ਦੀ ਰਿਪੋਰਟ ਪੋਜ਼ਟਿਵ ਆਈ, ਜਿਸ ਨਾਲ ਜਿਲੇ ਅੰਦਰ ਕੁਲ 10 ਐਕਟਿਵ ਕੋਰੋਨਾ ਪੀੜਤ ਹੋ ਗਏ ਹਨ।

ਸਿਵਲ ਸਰਜਨ ਨੇ ਅੱਗੇ ਦੱਸਿਆ ਕਿ 02 ਵਿਅਕਤੀ ਮਹਾਂਰਾਸ਼ਟਰ ਰਾਜ ਵਿਚੋਂ ਆਏ ਸਨ, ਜਿਨਾਂ ਦੀ ਰਿਪੋਰਟ ਪੋਜ਼ਟਿਵ ਆਈ ਹੈ। ਇਨਾਂ ਵਿਚ ਇਕ ਵਿਅਕਤੀ ਸਿੰਬਲ ਚੋਂਕ ਬਟਾਲਾ ਅਤੇ ਦੂਜਾ ਵਿਅਕਤੀ ਨਵਰੂਪ ਨਗਰ ਬਟਾਲਾ ਦਾ ਰਹਿਣ ਵਾਲਾ ਹੈ।

ਉਨ ਨੇ ਅੱਗੇ  ਦੱਸਿਆ ਕਿ ਜ਼ਿਲੇ ਅੰਦਰ 135 ਕੋਰੋਨਾ ਪੀੜਤਾਂ ਵਿਚੋਂ 03 ਵਿਅਕਤੀਆਂ ਦੀ ਮੋਤ ਹੋ ਚੁੱਕੀ ਹੈ, ਜਿਨਾਂ ਵਿਚ ਇਕ ਪਿੰਡ ਭੈਣੀ ਪਸਵਾਲ ਦਾ ਸੀ ਅਤੇ  01 ਪਿੰਡ ਠੀਕਰਵਾਲ ਅਤੇ 01 ਕ੍ਰਿਸ਼ਨਾ ਨਗਰ ਬਟਾਲਾ ਦਾ , ਜਿਨਾਂ ਦੀ ਬੀਤੀ ਦਿਨੀਂ ਲਧਿਆਣਾ ਵਿਖੇ ਮੌਤ ਹੋ ਗਈ ਸੀ।

122 ਮਰੀਜਾਂ ਠੀਕ ਹੋ ਕੇ ਘਰ ਨੂੰ ਭੇਜੇ ਗਏ ਹਨ (119 ਠੀਕ ਹੋਏ ਹਨ, 03 ਘਰਾਂ ਅੰਦਰ ਏਕਾਂਤਵਾਸ ਕੀਤੇ ਗਏ ਹਨ)।

ਇਸ ਤੋਂ ਪਹਿਲਾਂ 08 ਪੀੜਤ ਜਿਨਾਂ ਦੀ ਰਿਪੋਰਟ ਪੌਜ਼ਟਿਵ ਆਈ ਹੈ, ਪਰ ਉਨਾਂ ਵਿਚ ਕੋਰੋਨਾ ਵਾਇਰਸ ਦੇ ਨਿਰਧਾਰਿਤ ਲੱਛਣ ਨਹੀਂ ਹਨ ਅਤੇ ਉਹ ਤੰਦਰੁਸਤ ਹਨ। ਇਸ ਤਰ ਹੁਣ 03 ਪੀੜਤ ਧਾਰੀਵਾਲ ਅਤੇ 07 ਪੀੜਤ ਬਟਾਲਾ ਵਿਖੇ ਰੱਖੇ ਗਏ ਗਨ।

ਸਿਵਲ ਸਰਜਨ ਨੇ ਅੱਗੇ ਦੱਸਿਆ ਕਿ ਜ਼ਿਲੇ ਅੰਦਰ ਕੋਰੋਨਾ ਵਾਇਰਸ ਬਿਮਾਰੀ ਦੇ 2670 ਸ਼ੱਕੀ ਮਰੀਜਾਂ ਵਿਚੋਂ 2367 ਮਰੀਜਾਂ ਦੀ ਰਿਪੋਰਟ ਨੈਗਟਿਵ ਆਈ ਹੈ, 135 ਕੋਰੋਨਾ ਪੀੜਤ, 158 ਪੈਂਡਿਗ ਅਤੇ 10 ਸੈਂਪਲ ਰਿਜੈਕਟ ਹੋਏ ਹਨ।

--------------